# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 24-03-2025**

- ਦਿੱਲੀ ਹਾਈ ਕੋਰਟ ਨੇ ਜਸਟਿਸ ਯਸ਼ਵੰਤ ਵਰਮਾ ਨੂੰ ਤੁਰੰਤ ਪ੍ਰਭਾਵ ਨਾਲ ਨਿਆਂਇਕ ਸੇਵਾ ਤੋਂ ਹਟਾਇਆ।
- ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਅੱਜ ਵਿਸ਼ਵ ਟੀ. ਬੀ. ਦਿਵਸ ਦੇ ਮੌਕੇ 'ਤੇ ਲੋਕਾਂ ਨੂੰ ਟੀ. ਬੀ. ਨੂੰ ਖਤਮ ਕਰਨ ਅਤੇ ਸਿਹਤ ਵਿੱਚ ਸੁਧਾਰ ਲਿਆਉਣ ਲਈ ਵਚਨਬੱਧ ਹੋਣ ਦਾ ਸੱਦਾ ਦਿੱਤਾ।
- ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੀ ਕਾਰਵਾਈ ਅੱਜ ਦੂਸਰੇ ਦਿਨ ਜਾਰੀ ਰਹੀ ਈ ਇਸ ਦੌਰਾਨ ਰਾਜਪਾਲ ਦੇ ਧੰਨਵਾਦ ਦੇ ਮਤੇ ਨੂੰ ਸਰਵਸੰਮਤੀ ਨਾਲ ਪਾਸ ਕਰ ਦਿਤਾ ਗਿਆ
- ਪੰਜਾਬ ਦੇ ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਰ ਵਿਭਾਗ ਨੂੰ ਧੋਖਾਧੜੀ ਤੋਂ ਰਹਿਤ ਮਾਮਲਿਆਂ ਲਈ ਸ਼ੁਰੂ ਕੀਤੀ ਗਈ GST ਐਮ-ਨੈਸਟੀ ਯੋਜਨਾ ਵਿੱਚ ਕਰਦਾਤਾਵਾਂ ਦੀ ਵੱਧ ਤੋਂ ਵੱਧ ਹਿੱਸੇਦਾਰੀ ਯਕੀਨੀ ਬਣਾਉਣ ਦੇ ਦਿੱਤੇ ਨਿਰਦੇਸ਼ ।

---

ਦਿੱਲੀ ਹਾਈ ਕੋਰਟ ਨੇ ਜਸਟਿਸ ਯਸ਼ਵੰਤ ਵਰਮਾ ਨੂੰ ਤੁਰੰਤ ਪ੍ਰਭਾਵ ਨਾਲ ਨਿਆਂਇਕ ਸੇਵਾ ਤੋਂ ਹਟਾ ਦਿੱਤਾ ਏ । ਇਹ ਫੈਸਲਾ ਅੱਜ ਹਾਈ ਕੋਰਟ ਵੱਲੋਂ ਜਾਰੀ ਨੋਟਿਸ ਵਿੱਚ ਲਿਆ ਗਿਆ । ਅਦਾਲਤ ਦਾ ਇਹ ਹੁਕਮ ਜਸਟਿਸ ਯਸ਼ਵੰਤ ਵਰਮਾ ਦੀ ਸਰਕਾਰੀ ਰਿਹਾਇਸ਼ 'ਤੇ ਅੱਗ ਲੱਗਣ ਤੋਂ ਬਾਅਦ, ਕਥਿਤ ਤੌਰ' ਤੇ ਵੱਡੀ ਮਾਤਰਾ 'ਚ ਨਕਦੀ ਬਰਾਮਦ ਹੋਣ ਤੋਂ ਬਾਅਦ ਆਇਆ ਏ । ਹਾਈ ਕੋਰਟ ਦੀ ਵੈੱਬਸਾਈਟ 'ਤੇ ਇਕ ਹੋਰ ਨੋਟਿਸ 'ਚ ਕਿਹਾ ਗਿਆ ਏ, ਕਿ ਜਸਟਿਸ ਵਰਮਾ ਦੀ ਅਗਵਾਈ ਵਾਲੇ ਡਿਵੀਜ਼ਨ ਬੈਂਚ-3 ਦੇ ਕੋਰਟ ਮਾਸਟਰ ਹੁਣ, ਅੱਜ ਤੋਂ ਪਹਿਲਾਂ ਸੂਚੀਬੱਧ ਮਾਮਲਿਆਂ ਦੀਆਂ ਤਰੀਕਾਂ ਤੈਅ ਕਰਨਗੇ। ਇਸ ਤੋਂ ਪਹਿਲਾਂ 22 ਮਾਰਚ ਨੂੰ ਸੁਪਰੀਮ ਕੋਰਟ ਨੇ, ਜਸਟਿਸ ਵਰਮਾ ਦੀ ਰਿਹਾਇਸ਼ 'ਤੇ ਨਕਦੀ ਦੀ ਕਥਿਤ ਜਾਂਚ ਦੇ ਸਬੰਧ ਵਿੱਚ, ਦਿੱਲੀ ਹਾਈ ਕੋਰਟ ਦੇ ਚੀਫ਼ ਜਸਟਿਸ ਡੀ. ਕੇ. ਉਪਾਧਿਆਏ ਦੀ ਜਾਂਚ ਰਿਪੋਰਟ ਅਪਲੋਡ ਕੀਤੀ ਸੀ , ਜਿਸ ਵਿੱਚ ਫੋਟੋਆਂ ਅਤੇ ਵੀਡੀਓ ਸ਼ਾਮਲ ਨੇ । ਚੀਫ਼ ਜਸਟਿਸ ਸੰਜੀਵ ਖੰਨਾ ਨੂੰ ਦਿੱਤੀ ਆਪਣੀ ਰਿਪੋਰਟ ਵਿੱਚ ਜਸਟਿਸ ਉਪਾਧਿਆਏ ਨੇ ਮਾਮਲੇ ਦੀ ਪੂਰੀ ਜਾਂਚ ਦੀ ਲੋੜ 'ਤੇ ਜ਼ੋਰ ਦਿੱਤਾ ਏ । ਓਧਰ ਜਸਟਿਸ ਵਰਮਾ ਨੇ ਇਨ੍ਹਾਂ ਦੋਸ਼ਾਂ ਤੋਂ ਇਨਕਾਰ ਕੀਤਾ ਏ । ਓਨਾ ਕਿਹਾ ਕਿ ਉਹ

ਅਤੇ ਓਨਾ   ਦੇ ਪਰਿਵਾਰ ਦੇ ਕਿਸੇ ਵੀ ਮੈਂਬਰ ਨੇ ਕਦੇ ਵੀ ਆਪਣੇ ਘਰ ਦੇ ਸਟੋਰ ਰੂਮ ਵਿੱਚ ਕੋਈ ਨਕਦੀ ਨਹੀਂ ਰੱਖੀ।

-----------------------------------------------------------------

ਅੱਜ ਵਿਸ਼ਵ ਤਪਦਿਕ ਦਿਵਸ ਏ । ਟੀਬੀ ਦੇ ਸਿਹਤ, ਸਮਾਜਿਕ ਅਤੇ ਆਰਥਿਕ ਹਾਨੀ-ਕਾਰਕ ਨਤੀਜਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਵਿਸ਼ਵ ਪੱਧਰ 'ਤੇ ਇਸ ਨੂੰ ਖਤਮ ਕਰਨ ਦੀਆਂ ਕੋਸ਼ਿਸ਼ਾਂ ਨੂੰ ਤੇਜ਼ ਕਰਨ ਲਈ ਇਹ ਦਿਨ, ਹਰ ਸਾਲ 24 ਮਾਰਚ ਨੂੰ ਮਨਾਇਆ ਜਾਂਦਾ ਏ। ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ  ਜਗਤ ਪ੍ਰਕਾਸ਼ ਨੱਡਾ ਨੇ ਅੱਜ ਵਿਸ਼ਵ ਟੀ. ਬੀ. ਦਿਵਸ ਦੇ ਮੌਕੇ 'ਤੇ ਲੋਕਾਂ ਨੂੰ ਟੀ. ਬੀ. ਨੂੰ ਖਤਮ ਕਰਨ ਅਤੇ ਸਿਹਤ ਵਿੱਚ ਸੁਧਾਰ ਲਿਆਉਣ ਲਈ ਵਚਨਬੱਧ ਹੋਣ ਦਾ ਸੱਦਾ ਦਿੱਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸਿਹਤ ਮੰਤਰੀ ਨੇ ਬਿਮਾਰੀ ਨਾਲ ਨਜਿੱਠਣ ਲਈ ਸਰਕਾਰ ਦੇ ਉਪਰਾਲਿਆਂ  ਬਾਰੇ ਗੱਲ ਕੀਤੀ।  ਟੀ.ਬੀ ਦੇ ਖਾਤਮੇ ਬਾਰੇ ਕੌਮੀ ਪ੍ਰੋਗਰਾਮ ਦੇ ਤਹਿਤ, ਭਾਰਤ 100 ਦਿਨਾਂ ਟੀਬੀ ਮੁਹਿੰਮ ਅਤੇ ਨਿਕਸ਼ੇ ਪੋਸ਼ਣ ਯੋਜਨਾ ਦੇ ਤਹਿਤ ਟੀਬੀ ਮਰੀਜ਼ਾਂ ਨੂੰ ਵਿੱਤੀ ਸਹਾਇਤਾ  500 ਪ੍ਰਤੀ ਮਹੀਨਾ ਤੋਂ ਵਧਾ ਕੇ  1000 ਪ੍ਰਤੀ ਮਹੀਨਾ ਕਰ ਦਿੱਤੀ ਗਈ ਏ । ਸ਼੍ਰੀ ਨੱਡਾ ਨੇ ਟੀ. ਬੀ. ਮਰੀਜ਼ਾਂ ਨੂੰ ਵਿਆਪਕ ਸਹਾਇਤਾ ਪ੍ਰਦਾਨ ਕਰਨ ਵਾਲੇ ਸਾਰੇ ਸਿਹਤ ਕਰਮਚਾਰੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਾਰੇ ਨਾਗਰਿਕ ਮਿਲ ਕੇ ਟੀਬੀ

ਮੁਕਤ ਭਾਰਤ ਬਣਾ ਸਕਦੇ ਹਨ ਅਤੇ ਸਾਰਿਆਂ ਲਈ ਬਿਹਤਰ ਸਿਹਤ ਦੀ ਦਿਸ਼ਾ ਵਿੱਚ ਕੰਮ ਕਰ ਸਕਦੇ ਹਨ।

--------------------------------------------------------------------------------

ਕੇਂਦਰੀ ਮੰਤਰੀ ਡਾ. ਜਤਿੰਦਰ ਸਿੰਘ ਨੇ ਅੱਜ ਨਵੀਂ ਦਿੱਲੀ ਵਿੱਚ ਟੀ.ਬੀ ਦੇ ਦਸ ਹਜ਼ਾਰ ਆਈਸੋਲੇਟਾਂ ਦੇ ਜੀਨੋਮ ਸੀਕਵੈਂਸਿੰਗ ਨੂੰ ਪੂਰਾ ਕਰਨ ਦਾ ਐਲਾਨ ਕੀਤਾ । ਕੇਂਦਰੀ ਮੰਤਰੀ ਨੇ ਇਹ ਐਲਾਨ ਵਿਸ਼ਵ ਤਪਦਿਕ ਦਿਵਸ  ਦੇ ਮੌਕੇ 'ਤੇ ਕੀਤਾ । ਇਸ ਦੇਸ਼ ਵਿਆਪੀ ਪਹਿਲ ਦਾ ਉਦੇਸ਼ ਜੀਨੋਮਿਕਸ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਕਰਕੇ ਟੀਬੀ  ਵਿੱਚ ਡਰੱਗ ਪ੍ਰਤੀਰੋਧ ਨਾਲ ਨਜਿੱਠਣਾ ਏ । ਐਲਾਨ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ, ਮੰਤਰੀ ਨੇ ਦੱਸਿਆ  ।BYTE:

--------------------------------------------------------------------------------

ਇਸੇ ਸਿਲਸਿਲੇ ਵਿਚ ਜਾਣਦੇ ਆ ਪੰਜਾਬ ਦੇ ਵੇਰਵੇਆਂ ਬਾਰੇ ਇੱਕ ਰਿਪੋਰਟ:

ਅੱਜ ਦੁਨੀਆ ਭਰ ‘ਚ ਵਿਸ਼ਵ ਤਪਦਿਕ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ROBERT Koch  ਦੇ ਜਨਮ ਦਿਨ ਦੀ ਯਾਦ 'ਚ ਮਨਾਇਆ ਜਾਂਦਾ ਏ। ਇਸੇ ਦਿਨ ਉਨ੍ਹਾਂ ਨੇ 1982 ਵਿੱਚ,  ਟੀਬੀ ਦੇ ਬੈਕਟੀਰੀਆ ਦੀ ਖੋਜ ਕੀਤੀ ਸੀ। ਇਸ ਸਾਲ ਦਾ ਵਿਸ਼ਾ ਏ "Yes! We Can End TB ਭਾਵ ਅਸੀਂ ਸਾਰੇ ਮਿਲ ਕੇ ਟੀਬੀ ਨੂੰ ਖਤਮ ਕਰ ਸਕਦੇ ਹਾਂ। ਪੰਜਾਬ ਨੂੰ ਤਪਦਿਕ ਮੁਕਤ ਬਣਾਉਣ ਲਈ, ਸਰਕਾਰ ਵੱਲੋਂ ਕਈ ਕਦਮ ਚੁੱਕੇ ਗਏ ਨੇ। ਇਨ੍ਹਾਂ ਵਿੱਚ ਟੀਬੀ ਕੇਸਾਂ ਦੀ ਸੂਚਨਾ ਦੇਣ ਵਾਲਿਆਂ ਨੂੰ ਪ੍ਰੋਤਸਾਹਨ ਦਿੱਤਾ ਜਾਂਦਾ ਏ। ਇਸ ਦੇ ਨਾਲ ਹੀ Ni- Kshay ਪੋਸ਼ਣ ਯੋਜਨਾ ਤਹਿਤ, ਮਰੀਜ਼ ਨੂੰ ਪ੍ਰਤੀ ਮਹੀਨਾ ਇੱਕ ਹਜ਼ਾਰ ਰੁਪਏ ਪ੍ਰਦਾਨ ਕਰਨਾ ਵੀ ਸ਼ਾਮਲ ਏ। 5 ਸਾਲ ਤੋਂ ਘੱਟ ਅਤੇ ਇਸ ਤੋਂ ਵੱਧ ਉਮਰ ਦੇ ਟੀਬੀ ਮਰੀਜ਼ਾਂ ਦੇ ਸੰਪਰਕ ਵਿੱਚ ਆਉਣ ਵਾਲੇ ਪਰਿਵਾਰਕ ਮੈਂਬਰਾਂ ਲਈ, ਟੀਬੀ ਰੋਕਥਾਮ ਇਲਾਜ ਵੀ ਸ਼ੁਰੂ ਕੀਤਾ ਗਿਆ ਏ। ਪੰਜਾਬ ਵਿੱਚ, 100 ਦਿਨਾਂ ਦੀ ਟੀਬੀ ਖਾਤਮਾ ਮੁਹਿੰਮ ਤਹਿਤ ਸਰਗਰਮ ਕੇਸ ਲੱਭਣ ਲਈ, 3200 ਟੀਮਾਂ ਦਾ ਗਠਨ ਕੀਤਾ ਗਿਆ ਏ। ਹੁਣ ਤੱਕ, ਸੰਬੰਧਤ ਵਿਭਾਗ ਵੱਲੋਂ 95 ਫ਼ੀਸਦੀ ਟੀਚੇ ਨੂੰ ਪੂਰਾ ਕਰਦਿਆਂ, 29 ਲੱਖ ਤੋਂ ਵੱਧ ਲੋਕਾਂ ਦੀ ਜਾਂਚ ਕੀਤੀ ਜਾ ਚੁਕੀ ਏ ਅਤੇ 17 ਹਜ਼ਾਰ 200 ਟੀਬੀ ਪਾਜ਼ੇਟਿਵ ਪਾਏ ਗਏ ਮਰੀਜ਼ਾਂ ਦਾ ਇਲਾਜ ਸ਼ੁਰੂ ਕੀਤਾ ਗਿਆ ਏ। ਕੇਂਦਰੀ ਸਹਿਤ ਮੰਤਰਾਲੇ ਦੇ ਟੀਬੀ DIVISION ਵੱਲੋਂ ਸੂਬੇ ਦੇ ਫਤਿਹਗੜ੍ਹ ਸਾਹਿਬ, ਨਵਾਂਸ਼ਹਿਰ, ਕਪੂਰਥਲਾ, ਫਰੀਦਕੋਟ, ਫਿਰੋਜ਼ਪੁਰ, ਮੋਗਾ, ਰੂਪਨਗਰ ਅਤੇ ਤਰਨਤਾਰਨ ਜ਼ਿਲ੍ਹਿਆਂ ਨੂੰ, ਟੀਬੀ ਦੇ ਕੇਸਾਂ ਵਿੱਚ, 20 ਫ਼ੀਸਦੀ ਕਮੀ ਲਿਆਉਣ ਲਈ ਕਾਂਸੀ ਦੇ ਤਮਗੇ ਪ੍ਰਦਾਨ ਕੀਤੇ ਗਏ ਨੇ। ਜਲੰਧਰ ਤੋਂ ਆਕਾਸ਼ਵਾਣੀ ਖ਼ਬਰਾਂ ਲਈ ਮੈਂ ਕਾਜਲ

----------------------------------------------------------------------------

ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੀ ਕਾਰਵਾਈ ਅੱਜ ਦੂਸਰੇ ਦਿਨ ਜਾਰੀ ਰਹੀ। ਪੰਜਾਬ ਦੇ ਰਾਜਪਾਲ ਦੇ ਵਲੋਂ ਸਦਨ ਵਿਚ ਦਿੱਤੇ ਭਾਸ਼ਣ 'ਤੇ ਚਰਚਾ ਦਾ ਜਵਾਬ ਦਿੰਦਿਆਂ ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਜ਼ਿਲ੍ਹਾ ਰੋਪੜ ਦੇ ਬਲਾਕ ਨੂਰਪੁਰ ਬੇਦੀ ਦੇ 75 ਪਿੰਡਾਂ ਨੂੰ ਸਿੰਜਾਈ ਲਈ, ਨਹਿਰੀ ਪਾਣੀ ਦੇਣ ਵਾਸਤੇ ਜੰਗੀ ਪੱਧਰ 'ਤੇ ਚਾਰਾਜੋਈ ਕੀਤੀ ਜਾ ਰਹੀ ਏ ਅਤੇ ਛੇਤੀ ਹੀ ਇਸ ਸਬੰਧੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਉ. ਨੇ ਇਕ ਧਿਆਨ ਦਿਵਾਊ ਮਤੇ 'ਤੇ ਜਵਾਬ ਦਿੰਦਿਆਂ ਕਿਹਾ ਕਿ ਗੁਰੂ ਗੋਬਿੰਦ ਸਿੰਘ ਸੁਪਰ ਥਰਮਲ ਪਲਾਂਟ ਘਨੌਲੀ ਲਈ ਪਹੁੰਚ ਮਾਰਗ ਨੂੰ ਦਰੁਸਤ ਕਰਨ ਲਈ ਸਾਰੀਆਂ ਧਿਰਾਂ ਦੀ ਜਲਦ ਉਚ ਪੱਧਰੀ ਮੀਟਿੰਗ ਕੀਤੀ ਜਾਵੇਗੀ। ਹਲਕਾ ਰੂਪਨਗਰ ਤੋਂ ਵਿਧਾਇਕ ਦਿਨੇਸ਼ ਕੁਮਾਰ ਚੱਢਾ ਵਲੋਂ ਲੋਕ ਨਿਰਮਾਣ ਮੰਤਰੀ ਦੇ ਧਿਆਨ ਵਿਚ ਇਹ ਗੱਲ ਲਿਆਉਣ ਤੇ ਉਨ੍ਹਾਂ ਇਹ ਜਾਣਕਾਰੀ ਦਿਤੀ। ਇਕ ਹੋਰ ਸਵਾਲ ਦੇ ਜਵਾਬ ਵਿਚ ਓਹਨਾ ਦੱਸਿਆ ਜਲਾਲਾਬਾਦ ਵਿੱਚ ਟ੍ਰੈਫਿਕ ਸਮੱਸਿਆ ਨੂੰ ਹੱਲ ਕਰਨ ਲਈ ਇਕ ਬਾਈਪਾਸ ਬਣਾਇਆ ਜਾਏਗਾ। ਉਨ੍ਹਾਂ ਦਸਿਆ ਕਿ ਪੰਜਾਬ ਸਰਕਾਰ ਵਲੋਂ ਸਾਹਨੇਵਾਲ-ਜਲੰਧਰ-ਅੰਮ੍ਰਿਤਸਰ ਲਾਈਨ ਤੇ ਟਾਂਡਾ

ਫਾਟਕ ਲੈਵਲ ਕਰਾਸਿੰਗ ਕੋਲ  ਰੇਲਵੇ ਅੰਡਰ ਬ੍ਰਿਜ  ਬਣਾਉਣ ਦੀ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ । ਹਲਕਾ ਡੇਰਾਬੱਸੀ ਤੋਂ ਵਿਧਾਇਕ  ਕੁਲਜੀਤ ਸਿੰਘ ਰੰਧਾਵਾ ਵਲੋਂ ਮੁਬਾਰਕਪੁਰ ਤੋਂ ਫਕੋਲੀ ਸੜਕ ਤੇ ਬਣੇ ਕਾਜਵੇਅ  ਦੀ ਮੁੜ ਉਸਾਰੀ ਕਰਨ ਸਬੰਧੀ ਪੁੱਛੇ ਗਏ ਸਵਾਲ ਦਾ ਜਵਾਬ ਦਿੰਦਿਆਂ ਲੋਕ ਨਿਰਮਾਣ ਮੰਤਰੀ ਨੇ  ਦੱਸਿਆ ਕਿ ਇਸ ਕਾਜਵੇਅ ਦੀ ਮੁਰੰਮਤ ਕਰਵਾਉਣ ਦਾ ਦਾ  ਕਾਮ  ਸਰਕਾਰ ਦੇ ਧਿਆਨ ਵਿੱਚ ਹੈ ਜਿਸਦੇ  ਬਜਟ ਦੀ ਪ੍ਰਵਾਨਗੀ ਉਪਰੰਤ ਇਹ ਕੰਮ ਕਰਵਾ ਦਿੱਤਾ ਜਾਵੇਗਾ ।  ਫਿਰੋਜ਼ਪੁਰ -ਫਾਜਿਲਕਾ ਮਾਰਗ ਤੇ ਪੈਂਦੇ ਜਲਾਲਾਬਾਦ ਸ਼ਹਿਰ ਵਿੱਚ ਟ੍ਰੈਫਿਕ ਸਮੱਸਿਆ ਨੂੰ ਹੱਲ ਕਰਨ ਲਈ ਵੀ  ਸਰਕਾਰ ਬਾਈਪਾਸ ਬਣਾਏਗੀ। ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ ਨੇ ਸੂਬੇ  ਵਿੱਚ ਵੱਧ ਰਹੇ ਅਪਰਾਧ ਦੇ ਮੱਦੇਨਜ਼ਰ  ਪੰਜਾਬ ਦੀ ਕਾਨੂੰਨ ਤੇ ਵਿਵਸਥਾ ਦੇ ਹਾਲਾਤ ਵੱਲ ਸਪੀਕਰ ਕੁਲਤਾਰ ਸਿੰਘ ਸੰਧਵਾਂ ਦਾ ਧਿਆਨ ਦਵਾਉਂਦੇ ਹੋਏ ਕਿਹਾ ਕਿ ਨਜਾਇਜ਼ ਅਸਲਾ ਪੰਜਾਬ ਵਿੱਚ ਬਹੁਤ ਜਿਆਦਾ  ਏ ਪੰਜਾਬ ਵਿੱਚ ਕਾਨੂੰਨ ਬਣਨਾ ਚਾਹੀਦਾ ਏ ਕਿ ਜਿਹੜਾ ਵਿਆਕਤੀ ਲੁੱਟ ਖੋ ਜਾਂ ਹਮਲਾ ਕਰੇ, ਉਸ ਨੂੰ 10 ਸਾਲ ਦੀ ਸਜ਼ਾ ਹੋਣ ਦੀ ਵਿਵਸਥਾ ਹੋਵੇ ਤਾਂ ਜੋ  ਅਪਰਾਧ  ਤੇ ਕਾਬੂ ਪਾਇਆ ਜਾ ਸਕੇ । ਇਸ ਲਈ ਉਹਨਾਂ ਨੇ ਪੂਰੇ ਸਦਨ ਨੂੰ ਸਾਥ ਦੇਣ ਲਈ । ਉਹਨਾਂ ਹਰੇਕ ਸਿਆਸੀ ਜਾਂ ਨਿੱਜੀ ਵਿਅਕਤੀ ਨਾਲ ਸਿਰਫ ਚਾਰ ਚਾਰ

ਗੰਨਮੈਨ ਹੋਣ ਦੀ ਗੱਲ ਤੇ ਜ਼ੋਰ ਦਿੰਦਿਆਂ ਕਿਹਾ ਕਿ ਬਾਕੀ ਪੁਲਿਸ ਮੁਲਾਜ਼ਮਾਂ ਨੂੰ ਪੁਲਿਸ ਸਟੇਸ਼ਨਾਂ ਵਿੱਚ ਭੇਜਣਾ ਚਾਹੀਦਾ ਏ । ਸਿਹਤ ਮੰਤਰੀ ਬਲਬੀਰ ਸਿੰਘ ਨੇ ਦੱਸਿਆ ਕਿ ਸੂਬੇ ਦੇ ਹਰ ਇੱਕ ਜਿਲੇ ਦੇ ਬਲਾਕ ਵਿੱਚ ਕ੍ਰਿਮੀਨਲ ਕੇਅਰ ਯੂਨਿਟ ਸਥਾਪਿਤ ਹੋ ਰਹੀਆਂ ਨੇ ਤਾਂ ਕਿ ਕਿਸੇ ਵੀ ਮੈਡੀਕਲ ਅਮਰਜੈਂਸੀ ਨਾਲ ਨਿਪਟਿਆ ਜਾ ਸਕੇ । ਇਸ ਦੌਰਾਨ ਇਜਲਾਸ ਵਿਚ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਬਤੌਰ ਚੇਅਰਮੈਂਨ ਅਨੁਮਾਨ ਕਮੇਟੀ, ਵਣ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਅਤੇ ਮਾਲ ਅਤੇ ਮੁੜ ਵਸੇਬਾ ਵਿਭਾਗ ਦੇ ਬਜਟ ਅਨੁਮਾਨਾਂ ਬਾਰੇ ਵੀ ਰਿਪੋਰਟ ਪੇਸ਼ ਕੀਤੀ ਗਈ । ਰਾਜਪਾਲ ਦੇ ਭਾਸ਼ਣ 'ਤੇ ਧੰਨਵਾਦ ਦੇ ਮਤੇ ਨੂੰ ਸਰਵਸੰਮਤੀ ਨਾਲ ਪਾਸ ਕਰ ਦਿਤਾ ਗਿਆ । ਇਜਲਾਸ ਕੱਲ ਸਵੇਰੇ 10 ਵਜੇ ਮੁੜ ਤੋਂ ਸ਼ੁਰੂ ਹੋਵੇਗਾ ।

--------------------------------------------------------------------------------

ਪੰਜਾਬ ਦੇ ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਰ ਵਿਭਾਗ ਨੂੰ ਨਿਰਦੇਸ਼ ਦਿੱਤੇ ਕਿ ਧੋਖਾਧੜੀ ਤੋਂ ਰਹਿਤ ਮਾਮਲਿਆਂ ਲਈ ਸ਼ੁਰੂ ਕੀਤੀ ਗਈ ਜੀ.ਐਸ.ਟੀ ਐਮਨੈਸਟੀ ਸਕੀਮ ਵਿੱਚ ਕਰਦਾਤਾਵਾਂ ਦੀ ਵੱਧ ਤੋਂ ਵੱਧ ਹਿੱਸੇਦਾਰੀ ਯਕੀਨੀ ਬਣਾਈ ਜਾਵੇ। ਵਿੱਤ ਮੰਤਰੀ ਨੇ ਇਸ ਯੋਜਨਾ ਦੇ ਲਾਭਾਂ ਬਾਰੇ ਯੋਗ ਕਰਦਾਤਾਵਾਂ ਨੂੰ

ਸੂਚਿਤ ਕਰਨ ਲਈ ਰਵਾਇਤੀ ਇਸ਼ਤਿਹਾਰਬਾਜ਼ੀ ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ ਦੀ ਵਰਤੋਂ ਕਰਕੇ ਵਿਆਪਕ ਜਨਤਕ ਜਾਗਰੂਕਤਾ ਮੁਹਿੰਮਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਪੰਜਾਬ ਭਵਨ ਵਿਖੇ ਕਰ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਿੱਤ ਮੰਤਰੀ ਨੇ ਫੀਲਡ ਸਟਾਫ਼ ਨੂੰ ਨਿੱਜੀ ਤੌਰ 'ਤੇ ਕਰਦਾਤਾਵਾਂ ਤੱਕ ਪਹੁੰਚ ਕਰਨ ਅਤੇ ਅਰਜ਼ੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਹਰ ਸੰਭਵ ਸਹਾਇਤਾ ਯਕੀਨੀ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਇਸ ਕਦਮ ਦਾ ਉਦੇਸ਼ ਕਰਦਾਤਾਵਾਂ ਨੂੰ ਜੀ.ਐਸ.ਟੀ ਐਮਨੈਸਟੀ ਸਕੀਮ ਦੇ ਲਾਭਾਂ ਦਾ ਲਾਭ ਉਠਾਉਣ ਦੇ ਯੋਗ ਬਣਾਉਣਾ ਅਤੇ ਮੌਜੂਦਾ ਸਮੇਂ ਵਿੱਚ ਬਕਾਇਆ ਪਏ ਮਾਲੀਏ ਦੀ ਰਿਕਵਰੀ ਨੂੰ ਸੌਖਾ ਬਣਾਉਣਾ ਏ , ਜਿਸ ਨਾਲ ਸੂਬੇ ਨੂੰ ਵਿੱਤੀ ਲਾਭ ਵੀ ਪਹੁੰਚੇਗਾ। ਵਿੱਤ ਮੰਤਰੀ ਨੇ ਜੀ.ਐਸ.ਟੀ ਦੇ ਬਕਾਏ ਦੀ ਵੀ ਸਮੀਖਿਆ ਕੀਤੀ ਅਤੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ ਕਿ ਮੌਜੂਦਾ ਬਕਾਏ ਤੁਰੰਤ ਵਸੂਲ ਕੀਤੇ ਜਾਣ ਤਾਂ ਜੋ ਇਹ ਬੈਕਲਾਗ ਦਾ ਹਿੱਸਾ ਨਾ ਬਣਨ। ਉਨ੍ਹਾਂ ਸਖ਼ਤ ਲਾਗੂਕਰਨ ਉਪਾਵਾਂ ਦੀ ਲੋੜ 'ਤੇ ਜ਼ੋਰ ਦਿੱਤਾ ਤਾਂ ਜੋ ਕਰਪਾਲਣਾ ਦੇਰੀ ਨੂੰ ਰੋਕਦਿਆਂ ਸਮੇਂ ਸਿਰ ਮਾਲੀਆ ਪ੍ਰਾਪਤੀਆਂ ਨੂੰ ਯਕੀਨੀ ਬਣਾਇਆ ਜਾ ਸਕੇ।

-------------------------------------------------------------------------------------

ਸਰਵਉੱਚ ਅਦਾਲਤ ਅਤੇ ਕੌਮੀ ਕਾਨੂੰਨੀ ਸੇਵਾਵਾਂ ਵਲੋ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਕਪੂਰਥਲਾ ਵਿਚ ਚਾਈਲਡ ਫਰੈਂਡਲੀ ਲੀਗਲ ਸਰਵਿਸਜ਼ 2024 ਨਾਲਸਾ ਨੂੰ ਲਾਗੂ ਕੀਤਾ ਗਿਆ ਏ । ਕਪੂਰਥਲਾ ਦੇ ਮੁੱਖ ਨਿਆਂਇਕ ਮੈਜਿਸਟਰੇਟ ਰਾਜਵੰਤ ਕੌਰ ਨੇ ਇਸ ਯੋਜਨਾ ਦੇ ਉਦੇਸ਼ ਬਾਰੇ ਦਸਿਆ। BYTE: ਮੁੱਖ ਨਿਆਂਇਕ ਮੈਜਿਸਟਰੇਟ ਨੇ ਯੂਨਿਟ ਸਕੀਮ ਤਹਿਤ ਬਣਾਈ ਕਮੇਟੀ ਬਾਬਤ ਜਾਣਕਾਰੀ ਦਿਤੀ । BYTE:

-------------------------------------------------------------------------------------

ਪੁਲਿਸ ਵੱਲੋਂ ਅਪਰੇਸ਼ਨ ਸੀਲ ਤਹਿਤ ਪਠਾਨਕੋਟ ਜ਼ਿਲ੍ਹੇ ਵਿਖੇ ਵੱਖੋ-ਵੱਖ ਥਾਵਾਂ ਤੇ ਨਾਕੇ ਲਗਾ ਕੇ, ਬਾਹਰੀ ਸੂਬਿਆਂ ਤੋਂ ਆਉਣ ਵਾਲੇ ਹਰ ਵਾਹਨ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ । DSP ਸੁਮੇਰ ਸਿੰਘ ਮਾਨ ਨੇ ਪਠਾਨਕੋਟ ਵਾਲੇ ਪੱਤਰਕਾਰ ਨੂੰ ਦੱਸਿਆ ਕਿ ਪਠਾਨਕੋਟ ਵਿਚ ਬਾਹਰੀ ਸੂਬਿਆਂ ਤੋਂ ਆਉਣ ਵਾਲੀਆਂ ਗੱਡੀਆਂ ਨੂੰ ਚੈੱਕ ਕੀਤਾ ਜਾ ਰਿਹਾ ਏ ਤਾਂ ਜੋ ਕੋਈ ਵੀ ਨਸ਼ਾ ਤਸਕਰ, ਨਸ਼ੇ ਨੂੰ ਨਾ ਲਿਆ ਸਕੇ ਆ ਤੇ ਇਸ ਦੇ ਨਾਲ ਨਾਲ ਕੋਈ ਸ਼ਰਾਰਤੀ ਅਨਸਰ ਕਿਸੇ ਅਨਸੁਖਾਵੀ ਘਟਨਾ ਨੂੰ ਅੰਜਾਮ ਨਾ ਦੇ ਸਕੇ ।BYTE:

-------------------------------------------------------------------------------------

- ਦਿੱਲੀ ਹਾਈ ਕੋਰਟ ਨੇ ਜਸਟਿਸ ਯਸ਼ਵੰਤ ਵਰਮਾ ਨੂੰ ਤੁਰੰਤ ਪ੍ਰਭਾਵ ਨਾਲ ਨਿਆਂਇਕ ਸੇਵਾ ਤੋਂ ਹਟਾਇਆ।
- ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਅੱਜ ਵਿਸ਼ਵ ਟੀ. ਬੀ. ਦਿਵਸ ਦੇ ਮੌਕੇ 'ਤੇ ਲੋਕਾਂ ਨੂੰ ਟੀ. ਬੀ. ਨੂੰ ਖਤਮ ਕਰਨ ਅਤੇ ਸਿਹਤ ਵਿੱਚ ਸੁਧਾਰ ਲਿਆਉਣ ਲਈ ਵਚਨਬੱਧ ਹੋਣ ਦਾ ਸੱਦਾ ਦਿੱਤਾ ।
- ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੀ ਕਾਰਵਾਈ ਅੱਜ ਦੂਸਰੇ ਦਿਨ ਜਾਰੀ ਰਹੀ ਈ ਇਸ ਦੌਰਾਨ ਰਾਜਪਾਲ ਦੇ ਧੰਨਵਾਦ ਦੇ ਮਤੇ ਨੂੰ ਸਰਵਸੰਮਤੀ ਨਾਲ ਪਾਸ ਕਰ ਦਿਤਾ ਗਿਆ
- ਪੰਜਾਬ ਦੇ ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਰ ਵਿਭਾਗ ਨੂੰ ਧੋਖਾਧੜੀ ਤੋਂ ਰਹਿਤ ਮਾਮਲਿਆਂ ਲਈ ਸ਼ੁਰੂ ਕੀਤੀ ਗਈ GST ਐਮ-ਨੈਸਟੀ ਯੋਜਨਾ ਵਿੱਚ ਕਰਦਾਤਾਵਾਂ ਦੀ ਵੱਧ ਤੋਂ ਵੱਧ ਹਿੱਸੇਦਾਰੀ ਯਕੀਨੀ ਬਣਾਉਣ ਦੇ ਦਿੱਤੇ ਨਿਰਦੇਸ਼ ।